# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 31-10-2024**

ਅੱਜ ਰਾਸ਼ਟਰੀ ਏਕਤਾ ਦਿਵਸ ਏ। ਏਕਤਾ ਦਿਵਸ ਹਰ ਸਾਲ 31 ਅਕਤੂਬਰ ਨੂੰ ਦੇਸ਼ ਦੇ ਪਹਿਲੇ ਉਪ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ Sardar Vallabhbhai Patel ਦੇ ਜਨਮ ਵਰੇਗੰਢ 'ਤੇ ਮਨਾਇਆ ਜਾਂਦਾ ਏ, ਜਿਨ੍ਹਾਂ ਨੇ ਆਜ਼ਾਦੀ ਦੇ ਸੰਘਰਸ਼ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਰਾਸ਼ਟਰੀ ਏਕਤਾ ਦਿਵਸ ਵੱਖ-ਵੱਖ ਰਿਆਸਤਾਂ ਨੂੰ ਇੱਕ ਰਾਸ਼ਟਰ ਵਜੋਂ ਇੱਕਜੁੱਟ ਕਰਨ ਅਤੇ ਦੇਸ਼ ਦੇ ਲੋਕਾਂ ਵਿੱਚ ਏਕਤਾ ਦੀ ਭਾਵਨਾ ਪੈਦਾ ਕਰਨ ਦੇ ਉਨ੍ਹਾਂ ਦੇ ਯਤਨਾਂ ਦੀ ਯਾਦ ;ਚ ਮਨਾਇਆ ਜਾਂਦਾ ਏ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਹ ਪੁਰਸ਼ ਅਤੇ ਦੇਸ਼ ਦੇ ਪਹਿਲੇ ਗ੍ਰਹਿ ਮੰਤਰੀ ਸਰਦਾਰ ਵੱਲਭ ਭਾਈ ਪਟੇਲ ਨੂੰ ਉਨ੍ਹਾਂ ਦੀ ਜਯੰਤੀ 'ਤੇ

ਸ਼ਰਧਾਂਜਲੀ ਭੇਟ ਕੀਤੀ ਏ। ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਐਕਸ ਹੈਂਡਲ 'ਤੇ ਲਿਖਿਐ ਕਿ "ਭਾਰਤ ਰਤਨ ਸਰਦਾਰ ਵੱਲਭ ਭਾਈ ਪਟੇਲ ਨੂੰ ਜਨਮ-ਸ਼ਤਾਬਦੀ 'ਤੇ ਮੇਰਾ ਕੋਟਿ-ਕੋਟਿ ਪ੍ਰਣਾਮ। ਦੇਸ਼ ਦੀ ਏਕਤਾ ਤੇ ਪ੍ਰਭੂਸੱਤਾ ਦੀ ਰਾਖੀ ਉਨ੍ਹਾਂ ਦੇ ਜੀਵਨ ਦੀ ਪ੍ਰਮੁੱਖ ਤਰਜੀਹ ਸੀ। ਉਨ੍ਹਾਂ ਦੀ ਸ਼ਖਸੀਅਤ ਤੇ ਕੰਮ ਦੇਸ਼ ਦੀ ਹਰ ਪੀੜ੍ਹੀ ਨੂੰ ਪ੍ਰੇਰਿਤ ਕਰਦੇ ਰਹਿਣਗੇ।'' ਭਾਜਪਾ ਨੇ ਵੀ ਐਕਸ ਹੈਂਡਲ 'ਤੇ ਸਰਦਾਰ ਵੱਲਭ ਭਾਈ ਪਟੇਲ ਨੂੰ ਯਾਦ ਕੀਤਾ ਏ। ਭਾਜਪਾ ਨੇ ਲਿਖਿਐ ਕਿ ਆਧੁਨਿਕ ਭਾਰਤ ਦੇ ਨਿਰਮਾਤਾ ਤੇ ਮਹਾਨ ਸੁਤੰਤਰਤਾ ਸੈਨਾਨੀ, ਭਾਰਤ ਰਤਨ ਸਰਦਾਰ ਵੱਲਭ ਭਾਈ ਪਟੇਲ ਨੂੰ ਉਨ੍ਹਾਂ ਦੀ ਜਨਮ ਸ਼ਤਾਬਦੀ 'ਤੇ ਕੋਟਿ-ਕੋਟਿ ਨਮਨ।

----------------------------------------------------------------

ਰੋਸ਼ਨੀ ਦਾ ਤਿਉਹਾਰ ਦੀਵਾਲੀ ਅੱਜ ਦੇਸ਼ ਭਰ ਵਿੱਚ ਮਨਾਇਆ ਜਾ ਰਿਹਾ ਏ। ਇਹ ਤਿਉਹਾਰ ਬਦੀ ਉਪਰ  ਨੇਕੀ ਦੀ ਜਿੱਤ ਦਾ ਪ੍ਰਤੀਕ ਏ। ਇਸ ਮੌਕੇ 'ਤੇ ਲੋਕ ਧਨ ਦੀ ਦੇਵੀ ਲਕਸ਼ਮੀ ਅਤੇ ਭਗਵਾਨ ਗਣੇਸ਼ ਦੀ ਪੂਜਾ ਵੀ ਕਰਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ

ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੀਵਾਲੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਆਪਣੇ ਸੰਦੇਸ਼ ਵਿੱਚ ਰਾਸ਼ਟਰਪਤੀ ਨੇ ਕਿਹਾ ਏ ਕਿ ਦੀਵਾਲੀ ਖੁਸ਼ੀ ਅਤੇ ਉਤਸ਼ਾਹ ਦਾ ਤਿਉਹਾਰ ਏ ਅਤੇ ਇਹ ਅਗਿਆਨਤਾ ਉਪਰ ਗਿਆਨ ਅਤੇ ਬੁਰਾਈ ਉਪਰ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ। ਰਾਸ਼ਟਰਪਤੀ ਨੇ ਕਿਹਾ ਕਿ ਦੀਵਾਲੀ ਦੇ ਸ਼ੁਭ ਮੌਕੇ 'ਤੇ ਸਾਨੂੰ ਆਪਣੀ ਜ਼ਮੀਰ ਨੂੰ ਜਗਾਉਣਾ ਚਾਹੀਦਾ ਏ, ਪਿਆਰ ਅਤੇ ਦਇਆ ਦੇ ਗੁਣ ਅਪਨਾਉਣੇ ਚਾਹੀਦੇ ਨੇ ਅਤੇ ਸਮਾਜਿਕ ਸਦਭਾਵਨਾ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਏ । ਰਾਸ਼ਟਰਪਤੀ ਨੇ ਲੋਕਾਂ ਨੂੰ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਅਤੇ ਸਿਹਤਮੰਦ, ਖੁਸ਼ਹਾਲ ਅਤੇ ਜ਼ਿੰਮੇਵਾਰ ਸਮਾਜ ਦੀ ਉਸਾਰੀ ਕਰਨ ਦਾ ਪ੍ਰਣ ਲੈਣ ਦੀ ਅਪੀਲ ਕੀਤੀ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਆਪਣੇ ਸੰਦੇਸ਼ 'ਚ ਕਿਹਾ ਕਿ ਦੀਵਾਲੀ ਦਾ ਤਿਉਹਾਰ ਭਾਰਤ ਵਿੱਚ ਹੀ ਨਹੀਂ ਸਗੋਂ ਵਿਸ਼ਵ ਭਰ ਵਿੱਚ ਪ੍ਰਵਾਸੀ ਭਾਰਤੀਆਂ ਵੱਲੋਂ ਸ਼ਰਧਾ ਅਤੇ ਖੁਸ਼ੀ ਨਾਲ ਮਨਾਇਆ ਜਾਂਦਾ ਏ। ਸ੍ਰੀ ਧਨਖੜ ਨੇ ਕਿਹਾ ਕਿ ਇਹ ਤਿਉਹਾਰ ਹਨੇਰੇ ਉਪਰ ਚਾਨਣ, ਨਿਰਾਸ਼ਾ

ਉਪਰ ਆਸ ਅਤੇ ਅਗਿਆਨਤਾ ਉਪਰ ਗਿਆਨ ਦੀ ਸਦੀਵੀ ਜਿੱਤ ਦਾ ਪ੍ਰਤੀਕ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੀਵਾਲੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਸਾਰੇ ਨਾਗਰਿਕਾਂ ਲਈ ਇੱਕ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਪ੍ਰਧਾਨ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ, ਹਰ ਕੋਈ ਮਾਂ ਲਕਸ਼ਮੀ ਅਤੇ ਭਗਵਾਨ ਸ਼੍ਰੀ ਗਣੇਸ਼ ਦੇ ਆਸ਼ੀਰਵਾਦ ਨਾਲ ਤਰੱਕੀ ਕਰ ਸਕਦਾ ਏ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਦੁਨੀਆ ਭਰ ਵਿਚ ਵਸਦੇ ਪੰਜਾਬੀਆਂ ਨੂੰ ਨਿੱਘੀ ਵਧਾਈ ਦਿੱਤੀ ਏ। ਆਪਣੇ ਸੁਨੇਹੇ ਚ ਮੁੱਖ ਮੰਤਰੀ ਨੇ ਕਿਹੈ ਕਿ ਸਦੀਆਂ ਤੋਂ ਪਿਆਰ ਤੇ ਖ਼ੁਸ਼ਹਾਲੀ ਦਾ ਤਿਉਹਾਰ ਦੀਵਾਲੀ, ਸਾਡੇ ਵੱਲੋਂ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ

ਰਿਹਾ ਏ। ਮੁੱਖ ਮੰਤਰੀ ਨੇ ਛੇਵੇਂ ਗੁਰੂ ਸ੍ਰੀ ਹਰਗੋਬਿੰਦ ਸਾਹਿਬ ਵੱਲੋਂ ਸਾਲ ਇਕ ਹਜਾਰ ਛੇ ਸੌ 12 (1612) ਵਿਚ ਦੀਵਾਲੀ ਦੇ ਤਿਉਹਾਰ ਮੌਕੇ ਗਵਾਲੀਅਰ ਦੇ ਕਿਲੇ ਵਿੱਚੋਂ 52 ਰਾਜਿਆਂ ਦੀ ਰਿਹਾਈ ਦੇ ਇਤਿਹਾਸਕ ਮੌਕੇ 'ਬੰਦੀ ਛੋੜ ਦਿਵਸ' ਦੀ ਸਾਰੇ ਦੇਸ਼ ਵਾਸੀਆਂ ਤੇ ਖ਼ਾਸ ਕਰ ਕੇ ਸਿੱਖ ਸਮਾਜ ਨੂੰ ਵਧਾਈ ਦਿੱਤੀ ਏ।

----------------------------------------------------------

ਪੰਜਾਬ ਦੀ ਸਰਹੱਦ 'ਤੇ ਬੀ ਐਸ ਐਫ ਵਲੋਂ ਸ਼ਾਨਦਾਰ ਬਰਾਮਦਗੀ ਕੀਤੀ ਗਈ ਹੈ। ਬੀ ਐਸ ਐਫ ਨੇ ਪੰਜ ਪਾਕਿਸਤਾਨੀ ਡਰੋਨ ਬਰਾਮਦ ਕੀਤੇ ਹਨ। ਬੀ ਐਸ ਐਫ ਵਲੋਂ ਪੰਜ ਡਰੋਨ ਤੇ ਇਕ ਪਿਸਤੌਲ ਵੀ ਬਰਾਮਦ ਕੀਤਾ ਗਿਆ ਹੈ। ਬਰਾਮਦ ਕੀਤੇ ਗਏ ਡਰੋਨ ਡੀ ਜੇ ਆਈ ਦੇ ਹਨ। ਇਹ ਮਹੱਤਵਪੂਰਨ ਬਰਾਮਦਗੀ ਸਰਹੱਦ ਪਾਰੋਂ ਤਸਕਰੀ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਵਿੱਚ ਬੀਐਸਐਫ ਦੀ ਅਣਥੱਕ ਚੌਕਸੀ ਨੂੰ ਉਜਾਗਰ ਕਰਦੀ ਹੈ।

-----------------------------------------------------------

ਸਰਕਾਰ ਨੇ ਪੰਜਾਬ ਵਿੱਚ ਡਾਇਮੋਨੀਅਮ ਫਾਸਫੇਟ (DAP) ਦੀ ਘਾਟ

ਸਬੰਧੀ ਮੀਡੀਆ ਰਿਪੋਰਟਾਂ ਨੂੰ ਰੱਦ ਕਰਦਿਆਂ ਕਿਹਾ ਏ ਕਿ ਅਜਿਹੀਆਂ ਖਬਰਾਂ ਗੁੰਮਰਾਹਕੁੰਨ ਅਤੇ ਤੱਥਹੀਨ ਨੇ। ਇੱਕ ਪ੍ਰੈਸ ਰਿਲੀਜ਼ ਵਿੱਚ, ਰਸਾਇਣਾਂ ਅਤੇ ਖਾਦਾਂ ਬਾਰੇ ਮੰਤਰਾਲੇ ਨੇ ਸਪੱਸ਼ਟ ਕੀਤਾ ਏ ਕਿ, ਉਹ ਫਾਸਫੋਰਸ ਅਤੇ ਪੋਟਾਸ਼ੀਅਮ ਖਾਦਾਂ ਦੀ ਲੋੜੀਂਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਪਹਿਲਾਂ ਹੀ DAP ਅਤੇ ਨਾਈਟ੍ਰੋਜਨ, ਫਾਸਫੋਰਸ ਅਤੇ ਪੋਟਾਸ਼ੀਅਮ (NPK) ਖਾਦਾਂ ਦੀ ਲੋੜੀਂਦੀ ਮਾਤਰਾ ਪੰਜਾਬ ਨੂੰ ਮੁਹੱਈਆ ਕਰਵਾ ਚੁੱਕਾ ਏ। ਮੰਤਰਾਲੇ ਨੇ ਕਿਹਾ ਏ ਕਿ ਇਸ ਮਹੀਨੇ ਦੇ ਸ਼ੁਰੂ ਵਿੱਚ ਸੂਬੇ ਵਿੱਚ 99 ਹਜ਼ਾਰ ਮੀਟ੍ਰਿਕ ਟਨ DAP, 59 ਹਜ਼ਾਰ ਮੀਟ੍ਰਿਕ ਟਨ NPK ਅਤੇ 78 ਹਜ਼ਾਰ ਮੀਟ੍ਰਿਕ ਟਨ ਸਿੰਗਲ ਸੁਪਰਫਾਸਫੇਟ (SSP) ਖਾਦ ਮੌਜੂਦ ਸੀ। ਮੰਤਰਾਲੇ ਨੇ ਅੱਗੇ ਕਿਹਾ ਕਿ ਇਸ ਮਹੀਨੇ ਸੂਬੇ ਨੂੰ 92 ਹਜ਼ਾਰ ਮੀਟ੍ਰਿਕ ਟਨ DAP, 18 ਹਜ਼ਾਰ ਮੀਟ੍ਰਿਕ ਟਨ NPK ਅਤੇ 9 ਹਜ਼ਾਰ ਮੀਟ੍ਰਿਕ ਟਨ SSP ਦੀ ਸਪਲਾਈ ਕੀਤੀ ਗਈ ਏ। ਮੰਤਰਾਲੇ ਨੇ ਕਿਹਾ ਕਿ ਉਸ ਨੇ ਰਾਜਾਂ ਦੇ ਖੇਤੀਬਾੜੀ ਵਿਭਾਗਾਂ ਨਾਲ ਤਾਲਮੇਲ ਕਰਕੇ ਇਸ ਸਾਲ ਸਾਉਣੀ ਦੇ

ਸੀਜ਼ਨ ਦੌਰਾਨ ਦੇਸ਼ ਵਿੱਚ ਖਾਦਾਂ ਦੀ ਲੋੜੀਂਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਏ।

--------------------------------------------------------------------------------

ਹਫ਼ਤੇ ਤੋਂ ਚੰਡੀਗੜ੍ਹ ਸਮੇਤ ਪੰਜਾਬ ਦਾ ਔਸਤ ਘੱਟੋ-ਘੱਟ ਅਤੇ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 3 ਤੋਂ 6 ਡਿਗਰੀ ਵੱਧ ਰਿਹਾ ਹੈ। ਭਾਰਤੀ ਮੌਸਮ ਵਿਭਾਗ ਦੇ ਮਾਹਿਰਾਂ ਅਨੁਸਾਰ ਉੱਤਰੀ ਭਾਰਤ ਦੇ ਪਹਾੜੀ ਖੇਤਰਾਂ ਵਿੱਚ ਮੀਂਹ ਅਤੇ ਬਰਫ਼ਬਾਰੀ ਕਰਵਾਉਣ ਵਾਲੇ ਵੈਸਟਰਨ ਡਿਸਟਰਬੈਂਸ ਦੀ ਕਮੀ ਇਸ ਅਕਤੂਬਰ ਹੀਟ ਦਾ ਮੁੱਖ ਕਾਰਨ ਹੈ।